## VIGILANCE BUREAU PUNJAB

## VIGILANCE ARRESTS DISTRICT HEALTH OFFICER, ASI IN TWO DIFFERENT CASES

Chandigarh May 10: The Punjab Vigilance Bureau has arrested District Health Officer (DHO) Amritsar Lakhbir Singh Bhagowalia for misusing his official position and getting illegal gratifications from business establishments. In addition to this an Assistant Sub Inspector (ASI) Pawan Kumar posted at police station Lakho-ke-Bahiram has also been arrested in bribery case.

Disclosing this an official spokesperson of the Vigilance Bureau said the accused DHO was arrested on the basis of information and complaints received from various quarters for getting illegal gratifications. During the investigation, the VB team have found that DHO and others have received lacs of rupees as bribe in lieu of issuing licenses to the owners of hotels and shopkeepers, for taking samples or helping them during checking by health officials. He informed that a case has been registered against the DHO and others under various sections of Prevention of Corruption Act at VB police station Amritsar and further investigations in this case are under progress.

In another bribery case ASI Pawan Kumar was nabbed red handed by VB while accepting bribe of Rs 8,000. He was arrested on the complaint of Sukhchain Singh of village Dala in Moga district. The complainant has approached the VB and alleged that the accused ASI was threatening him and demanding bribe to exclude his brother's name in a case. The complainant further said that he had already paid Rs. 10,000/- as a bribe to the accused ASI.

After verifying his information, the vigilance team laid a trap and the accused ASI was arrested on the spot while taking bribe of Rs. 8,000 more from the complainant in the presence of two official witnesses.

He informed that a case has been registered against ASI under various sections of Prevention of Corruption Act at VB police station Ferozepur further investigations in this case are under progress.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਵੱਲੋਂ ਜਿਲਾ ਸਿਹਤ ਅਫਸਰ, ਛੋਟਾ ਥਾਣੇਦਾਰ ਭ੍ਰਿਸ਼ਟਾਚਾਰ ਦੇ ਦੋ ਵੱਖ-ਵੱਖ ਕੇਸਾਂ 'ਚ ਗ੍ਰਿਫਤਾਰ**

ਚੰਡੀਗੜ੍ਹ 10 ਮਈ : ਪੰਜਾਬ ਵਿਜੀਲੈਂਸ ਬਿਓਰੋ ਵਲੋਂ ਭ੍ਰਿਸ਼ਟਾਚਾਰ ਦੇ ਦੋ ਵੱਖ-ਵੱਖ ਕੇਸਾਂ 'ਚ ਅੰਮ੍ਰਿਤਸਰ ਵਿਖੇ ਤਾਇਨਾਤ ਜਿਲਾ ਸਿਹਤ ਅਫਸਰ ਲਖਬੀਰ ਸਿੰਘ ਭਾਗੋਵਾਲੀਆ ਨੂੰ ਆਪਣੇ ਅਹੁਦੇ ਦੀ ਦੁਰਵਤਰਤੋਂ ਕਰਨ ਅਤੇ ਵਪਾਰਕ ਅਦਾਰਿਆਂ ਤੋਂ ਰਿਸ਼ਵਤ ਦੇ ਰੂਪ ਵਿਚ ਰਕਮਾਂ ਉਗਰਾਉਣ ਅਤੇ ਫਿਰੋਜਪੁਰ ਦੇ ਥਾਣਾ ਲਖੋ ਕੇ ਬਹਿਰਾਮ ਵਿਖੇ ਤਾਇਨਾਤ ਏ.ਐਸ.ਆਈ ਪਵਨ ਕੁਮਾਰ ਨੂੰ ਰਿਸ਼ਵਤ ਲੈਣ ਦੇ ਮਾਮਲੇ ਵਿਚ ਗ੍ਰਿਫਤਾਰ ਕੀਤਾ ਹੈ

ਅੱਜ ਇਥੇ ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਨੂੰ ਪ੍ਰਾਪਤ ਸ਼ਿਕਾਇਤਾਂ ਅਤੇ ਖੁਫੀਆ ਜਾਣਕਾਰੀ ਤੋਂ ਇਹ ਸਪੱਸ਼ਟ ਹੋਇਆ ਕਿ ਉਕਤ ਜਿਲਾ ਸਿਹਤ ਅਫਸਰ ਹੋਰਨਾਂ ਵਿਅਕਤੀਆਂ ਨਾਲ ਮਿਲ ਕੇ ਆਪਣੇ ਆਹੁਦੇ ਦੀ ਦੁਰਵਰਤੋਂ ਕਰਦਿਆਂ ਜਿਲੇ ਵਿਚ ਹੋਟਲਾਂ ਦੇ ਮੈਨੇਜਰਾਂ, ਮਾਲਕਾਂ ਅਤੇ ਦੁਕਾਨਦਾਰਾਂ ਆਦਿ ਪਾਸੋਂ ਉਨ੍ਹਾਂ ਨੂੰ ਲਾਇਸੈਂਸ ਜਾਰੀ ਕਰਨ, ਨਮੂਨੇ ਭਰਨ ਅਤੇ ਚੈਕਿੰਗ ਦੋਰਾਨ ਮਦਦ ਕਰਨ ਬਦਲੇ ਲੱਖਾਂ ਰੁਪਏ ਬਤੌਰ ਰਿਸ਼ਵਤ ਹਾਸਲ ਕਰ ਰਿਹਾ ਸੀ। ਵਿਜੀਲੈਂਸ ਨੇ ਇਸ ਮਾਮਲੇ ਵਿਚ ਦੋਸ਼ੀ ਜਿਲਾ ਸਿਹਤ ਅਧਿਕਾਰੀ ਅਤੇ ਹੋਰਨਾਂ ਵਿਅਕਤੀਆਂ ਖਿਲਾਫ ਵਿਜੀਲੈਂਸ ਬਿਓਰੋ ਦੇ ਅੰਮ੍ਰਿਤਸਰ ਸਥਿਤ ਥਾਣੇ ਵਿਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਪੜਤਾਲ ਅਰੰਭ ਕਰ ਦਿੱਤੀ ਹੈ।

ਇਕ ਹੋਰ ਰਿਸ਼ਵਤ ਦੇ ਕੇਸ ਵਿਚ ਵਿਜੀਲੈਂਸ ਬਿਊਰੋ ਨੇ ਫਿਰੋਜਪੁਰ ਦੇ ਥਾਣਾ ਲਖੋ ਕੇ ਬਹਿਰਾਮ ਵਿਖੇ ਤਾਇਨਾਤ ਏ.ਐਸ.ਆਈ. ਪਵਨ ਕੁਮਾਰ ਨੂੰ 8,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸੁਖਚੈਨ ਸਿੰਘ ਵਾਸੀ ਪਿੰਡ ਡਾਲਾ, ਜਿਲਾ ਮੋਗਾ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸਦੇ ਭਰਾ ਨੂੰ ਦਰਜ ਕੇਸ ਵਿਚ ਨਾਮਜਦ ਨਾ ਕਰਨ ਬਦਲੇ ਏ.ਐਸ.ਆਈ ਪਵਨ ਕੁਮਾਰ ਵਲੋਂ ਰਿਸ਼ਵਤ ਦੀ ਮੰਗ ਕੀਤੀ ਗਈ ਹੈ ਅਤੇ ਉਹ ਪਹਿਲਾਂ ਹੀ 10,000 ਰੁਪਏ ਬਤੌਰ ਰਿਸ਼ਵਤ ਦੋਸ਼ੀ ਏ.ਐਸ.ਆਈ ਨੂੰ ਅਦਾ ਕਰ ਚੁੱਕਾ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਹੋਰ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

\-\-\-\-\-\-\-\-\-\-\-\-\-\-\-

## ਵਿਜੀਲੈਂਸ ਬਿਓਰੋ ਪੰਜਾਬ

### ਵਿਜੀਲੈਂਸ ਵੱਲੋਂ ਜਿਲਾ ਸਿਹਤ ਅਫਸਰ, ਛੋਟਾ ਥਾਣੇਦਾਰ ਭ੍ਰਿਸ਼ਟਾਚਾਰ ਦੇ ਦੋ ਵੱਖ-ਵੱਖ ਕੇਸਾਂ 'ਚ ਗ੍ਰਿਫਤਾਰ

ਚੰਡੀਗੜ· 10 ਮਈ : ਪੰਜਾਬ ਵਿਜੀਲੈਂਸ ਬਿਓਰੋ ਵਲੋਂ ਭ੍ਰਿਸ਼ਟਾਚਾਰ ਦੇ ਦੋ ਵੱਖ-ਵੱਖ ਕੇਸਾਂ 'ਚ ਅੰਮ੍ਰਿਤਸਰ ਵਿਖੇ ਤਾਇਨਾਤ ਜਿਲਾ ਸਿਹਤ ਅਫਸਰ ਲਖਬੀਰ ਸਿੰਘ ਭਾਗੋਵਾਲੀਆ ਨੂੰ ਆਪਣੇ ਅਹੁਦੇ ਦੀ ਦੁਰਵਰਤੋਂ ਕਰਨ ਅਤੇ ਵਪਾਰਕ ਅਦਾਰਿਆਂ ਤੋਂ ਰਿਸ਼ਵਤ ਦੇ ਰੂਪ ਵਿਚ ਰਕਮਾਂ ਉਗਰਾਉਣ ਅਤੇ ਫਿਰੋਜਪੁਰ ਦੇ ਥਾਣਾ ਲਖੋ ਕੇ ਬਹਿਰਾਮ ਵਿਖੇ ਤਾਇਨਾਤ ਏ.ਐਸ.ਆਈ ਪਵਨ ਕੁਮਾਰ ਨੂੰ ਰਿਸ਼ਵਤ ਲੈਣ ਦੇ ਮਾਮਲੇ ਵਿਚ ਗ੍ਰਿਫਤਾਰ ਕੀਤਾ ਹੈ

ਅੱਜ ਇਥੇ ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਨੂੰ ਪ੍ਰਾਪਤ ਸ਼ਿਕਾਇਤਾਂ ਅਤੇ ਖੁਫੀਆ ਜਾਣਕਾਰੀ ਤੋਂ ਇਹ ਸਪੱਸ਼ਟ ਹੋਇਆ ਕਿ ਉਕਤ ਜਿਲਾ ਸਿਹਤ ਅਫਸਰ ਹੋਰਨਾਂ ਵਿਅਕਤੀਆਂ ਨਾਲ ਮਿਲ ਕੇ ਆਪਣੇ ਆਹੁਦੇ ਦੀ ਦੁਰਵਰਤੋਂ ਕਰਦਿਆਂ ਜਿਲੇ ਵਿਚ ਹੋਟਲਾਂ ਦੇ ਮੈਨੇਜਰਾਂ, ਮਾਲਕਾਂ ਅਤੇ ਦੁਕਾਨਦਾਰਾਂ ਆਦਿ ਪਾਸੋਂ ਉਨ·ਾਂ ਨੂੰ ਲਾਇਸੈਂਸ ਜਾਰੀ ਕਰਨ, ਨਮੂਨੇ ਭਰਨ ਅਤੇ ਚੈਕਿੰਗ ਦੋਰਾਨ ਮਦਦ ਕਰਨ ਬਦਲੇ ਲੱਖਾਂ ਰੁਪਏ ਬਤੌਰ ਰਿਸ਼ਵਤ ਹਾਸਲ ਕਰ ਰਿਹਾ ਸੀ। ਵਿਜੀਲੈਂਸ ਨੇ ਇਸ ਮਾਮਲੇ ਵਿਚ ਦੋਸ਼ੀ ਜਿਲਾ ਸਿਹਤ ਅਧਿਕਾਰੀ ਅਤੇ ਹੋਰਨਾਂ ਵਿਅਕਤੀਆਂ ਖਿਲਾਫ ਵਿਜੀਲੈਂਸ ਬਿਓਰੋ ਦੇ ਅੰਮ੍ਰਿਤਸਰ ਸਥਿਤ ਥਾਣੇ ਵਿਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਪੜਤਾਲ ਅਰੰਭ ਕਰ ਦਿੱਤੀ ਹੈ।

ਇਕ ਹੋਰ ਰਿਸ਼ਵਤ ਦੇ ਕੇਸ ਵਿਚ ਵਿਜੀਲੈਂਸ ਬਿਊਰੋ ਨੇ ਫਿਰੋਜਪੁਰ ਦੇ ਥਾਣਾ ਲਖੋ ਕੇ ਬਹਿਰਾਮ ਵਿਖੇ ਤਾਇਨਾਤ ਏ.ਐਸ.ਆਈ. ਪਵਨ ਕੁਮਾਰ ਨੂੰ 8,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸੁਖਚੈਨ ਸਿੰਘ ਵਾਸੀ ਪਿੰਡ ਡਾਲਾ, ਜਿਲਾ ਮੋਗਾ ਦੀ ਸ਼ਿਕਾਇਤ 'ਤੇ ਫੜ੍ਹਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸਦੇ ਭਰਾ ਨੂੰ ਦਰਜ ਕੇਸ ਵਿਚ ਨਾਮਜਦ ਨਾ ਕਰਨ ਬਦਲੇ ਏ.ਐਸ.ਆਈ ਪਵਨ ਕੁਮਾਰ ਵਲੋਂ ਰਿਸ਼ਵਤ ਦੀ ਮੰਗ ਕੀਤੀ ਗਈ ਹੈ ਅਤੇ ਉਹ ਪਹਿਲਾਂ ਹੀ 10,000 ਰੁਪਏ ਬਤੌਰ ਰਿਸ਼ਵਤ ਦੋਸ਼ੀ ਏ.ਐਸ.ਆਈ ਨੂੰ ਅਦਾ ਕਰ ਚੁੱਕਾ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਹੋਰ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------------